ਸ੍ਰੀ ਹਰਿਮੰਦਰ ਸਾਹਿਬ ਅੰਮ੍ਰਿਤਸਰ ਤੋਂ ਗੁਰਬਾਣੀ ਕੀਰਤਨ

ਰੇਡੀਓ

ਰਾਹੀਂ ਸਿੱਧੇ ਪ੍ਰਸਾਰਿਤ ਹੁੰਦੇ ਕੀਰਤਨ ਵਿਚ **9 ਦਸੰਬਰ** ਨੂੰ ਸ਼ਾਮ 4.00 ਤੋਂ 6.00 ਵਜੇ ਤੱਕ **ਭਾਈ ਸ਼ੌਕੀਨ ਸਿੰਘ** ਅਤੇ **10 ਦਸੰਬਰ** ਨੂੰ ਸਵੇਰੇ 4.00 ਤੋਂ 6.00 ਵਜੇ ਤੱਕ **ਭਾਈ ਦਵਿੰਦਰ ਸਿੰਘ** 'ਆਸਾ ਦੀ ਵਾਰ' ਦਾ ਕੀਰਤਨ ਕਰਨਗੇ।

ਪੀ. ਟੀ. ਸੀ.

ਪੀ. ਟੀ. ਸੀ. ਪੰਜਾਬੀ ਰਾਹੀਂ ਸਿੱਧੇ ਪ੍ਰਸਾਰਿਤ ਹੁੰਦੇ ਪ੍ਰੋਗਰਾਮ ਵਿਚ 9 **ਦਸੰਬਰ** ਨੂੰ ਸ਼ਾਮ 4.30 ਤੋਂ 6.30 ਵਜੇ ਤੱਕ **ਭਾਈ ਸ਼ੌਕੀਨ ਸਿੰਘ** ਕੀਰਤਨ, ਪਾਠ 'ਰਹਿਰਾਸ ਸਾਹਿਬ' ਉਪਰੰਤ 'ਆਰਤੀ' **ਭਾਈ ਸਾਹਿਬ ਸਿੰਘ** ਤੇ **10 ਦਸੰਬਰ** ਨੂੰ ਸਵੇਰੇ 4.00 ਵਜੇ ਤੋਂ 7.45 ਵਜੇ ਤੱਕ **ਭਾਈ ਦਵਿੰਦਰ ਸਿੰਘ** ਅਤੇ **ਭਾਈ ਗੁਰਸੇਵਕ ਸਿੰਘ** ਕੀਰਤਨ ਕਰਨਗੇ।

ਐਸ. ਜੀ. ਪੀ. ਸੀ. ਵੈੱਬ ਚੈਨਲ 'ਤੇ **ਸਵੇਰੇ 4.00 ਵਜੇ ਤੋਂ 8.30 ਵਜੇ ਤੱਕ, ਦੁਪਹਿਰ 12.30 ਵਜੇ ਤੋਂ 2.20 ਵਜੇ ਤੱਕ ਅਤੇ ਸ਼ਾਮ 5.30 ਵਜੇ ਤੋਂ 7.30 ਵਜੇ ਤੱਕ ਸਿੱਧਾ ਪ੍ਰਸਾਰਨ ਹੁੰਦਾ ਹੈ। ਐਸ. ਜੀ. ਪੀ. ਸੀ. ਦੇ ਮੋਬਾਈਲ ਐਪ ਤੋਂ ਅੰਮ੍ਰਿਤ ਵੇਲੇ ਤੋਂ ਸੁਖ ਆਸਨ ਤੱਕ ਦਾ ਪੂਰਾ ਸਮਾਗਮ ਸੁਣਿਆ ਜਾ ਸਕਦਾ ਹੈ।**

ਮੁੱਖ ਵਾਕ ਦੀ ਕਥਾ : 9 ਦਸੰਬਰ ਨੂੰ ਸਿੰਘ ਸਾਹਿਬ ਗਿਆਨੀ ਹਰਪ੍ਰੀਤ ਸਿੰਘ ਜਥੇਦਾਰ ਤਖ਼ਤ ਸ੍ਰੀ ਦਮਦਮਾ ਸਾਹਿਬ ਤੇ 10 ਦਸੰਬਰ ਨੂੰ ਗਿਆਨੀ ਗੁਰਲਾਲ ਸਿੰਘ ਮੀਰਾਂਕੋਟ, ਗੁ: ਮੰਜੀ ਸਾਹਿਬ ਦੀਵਾਨ ਹਾਲ, ਸ੍ਰੀ ਹਰਿਮੰਦਰ ਸਾਹਿਬ ਸਮੂਹ ਵਿਖੇ ਸਵੇਰੇ 7.45 ਵਜੇ ਤੋਂ 8.30 ਵਜੇ ਤੱਕ ਮੁੱਖ ਵਾਕ ਦੀ ਕਥਾ ਕਰਨਗੇ।

ਸ਼ਿਵ ਮੰਦਰ ਵਿਖੇ ਲਗਾਏ ਗਏ ਕੈਂਪ ਦਾ ਦ੍ਰਿਸ਼। ਤਸਵੀਰ: ਸੁਖਪਾਲ ਸਿੰਘ ਢਿੱਲੋਂ

ਸ਼ਿਵ ਮੰਦਰ ਵਿਖੇ ਜਾਂਚ ਕੈਂਪ ਲਗਾਇਆ

ਸ੍ਰੀ ਮੁਕਤਸਰ ਸਾਹਿਬ, 8 ਦਸੰਬਰ (ਸੁਖਪਾਲ ਸਿੰਘ ਢਿੱਲੋਂ)- ਸ੍ਰੀ ਮੁਕਤਸਰ ਸਾਹਿਬ ਦੇ ਕੋਟਕਪੂਰਾ ਰੋਡ ਸਥਿਤ ਬਾਬਾ ਕਾਂਸ਼ੀ ਰਾਮ ਸ਼ਿਵ ਮੰਦਰ ਵਿਖੇ ਡੀ.ਬੀ.ਸੀ. ਬੈਂਕ ਵਲੋਂ ਸ਼ੂਗਰ ਅਤੇ ਬਲੱਡ ਪ੍ਰੈਸ਼ਰ ਦਾ ਮੁਫ਼ਤ ਜਾਂਚ ਕੈਂਪ ਲਗਾਇਆ ਗਿਆ। ਸ਼ਿਵ ਮੰਦਰ ਦੇ ਪ੍ਰਧਾਨ ਸਤਪਾਲ ਗੋਇਲ ਨੇ ਡੀ.ਸੀ.ਬੀ. ਬੈਂਕ ਮੁਲਾਜ਼ਮਾਂ ਦਾ ਧੰਨਵਾਦ ਕੀਤਾ। ਇਸ ਮੌਕੇ ਭਗਵਾਨ ਦਾਸ ਚੋਪੜਾ ਖ਼ਜ਼ਾਨਚੀ, ਪਵਨ ਬਾਂਸਲ ਸਰਪ੍ਰਸਤ, ਗੁਲਸ਼ਨ ਮਿੱਤਲ ਸਕੱਤਰ, ਦੀਪਕ ਬਾਂਸਲ ਜੁਆਇੰਟ ਸਕੱਤਰ, ਅਸ਼ੋਕ ਕੁਮਾਰ ਮੈਂਬਰ ਆਦਿ ਸਮੂਹ ਬੈਂਕ ਆਧਿਕਾਰੀ ਹਾਜ਼ਰ ਸਨ।

ਜੀ.ਟੀ.ਬੀ. ਪਬਲਿਕ ਸਕੂਲ ਮਲੋਟ ਵਿਖੇ ਡੀ.ਈ.ਓ. ਜਸਪਾਲ ਮੋਂਗਾ ਨੂੰ ਸਨਮਾਨਿਤ ਕਰਦੇ ਹੋਏ ਪ੍ਰਿੰਸੀਪਲ ਹੇਮਲਤਾ ਕਪੂਰ ਅਤੇ ਮੈਨੇਜਿੰਗ ਕਮੇਟੀ ਦੇ ਅਹੁਦੇਦਾਰ। ਤਸਵੀਰ: ਪਾਟਿਲ

ਸ੍ਰੀ ਗੁਰੂ ਤੇਗ ਬਹਾਦਰ ਜੀ ਦੇ ਸ਼ਹੀਦੀ ਦਿਹਾੜੇ ਮੌਕੇ ਸਮਾਗਮ

ਮਲੋਟ, 8 ਦਸੰਬਰ (ਪਾਟਿਲ)- ਸ੍ਰੀ ਗੁਰੂ ਤੇਗ ਬਹਾਦਰ ਜੀ ਦੀ ਅਦੁੱਤੀ ਸ਼ਹਾਦਤ ਨੂੰ ਸਮਰਪਿਤ ਗੁਰੂ ਤੇਗ ਬਹਾਦਰ ਖ਼ਾਲਸਾ ਪਬਲਿਕ ਸਕੂਲ ਮਲੋਟ ਵਿਖੇ ਅਖੰਡ ਪਾਠ ਦੇ ਭੋਗ ਉਪਰੰਤ ਸੰਸਥਾ ਦੇ ਵਿਦਿਆਰਥੀਆਂ ਵਲੋਂ ਇਲਾਹੀ ਬਾਣੀ ਦਾ ਸ਼ਬਦ ਕੀਰਤਨ ਕਰਕੇ ਸਮੁੱਚੀ ਹਾਜ਼ਰੀਨ ਸਾਧ ਸੰਗਤ ਨੂੰ ਨਿਹਾਲ ਕੀਤਾ ਗਿਆ। ਸਕੂਲ ਦੇ ਸੰਗੀਤ ਅਧਿਆਪਕ ਮਨਦੀਪ ਸਿੰਘ ਤੇ ਗੁਰਪ੍ਰੀਤ ਸਿੰਘ ਵਲੋਂ ਗੁਰੂ ਜੀ ਦੇ ਜੀਵਨ ਨਾਲ ਸੰਬੰਧਿਤ ਕਥਾ ਵਿਚਾਰ ਕੀਤੀ ਗਈ। ਸਮਾਗਮ ਵਿਚ ਡੀ.ਈ.ਓ. ਜਸਪਾਲ ਮੋਂਗਾ, ਡਿਪਟੀ ਡੀ.ਈ.ਓ. ਰਜਿੰਦਰ ਸੋਨੀ, ਡੀ.ਈ.ਓ. ਐਲੀਮੈਂਟਰੀ ਅਜੇ ਕੁਮਾਰ ਨੇ ਵਿਸ਼ੇਸ਼ ਤੌਰ 'ਤੇ ਸ਼ਿਰਕਤ ਕੀਤੀ। ਇਸ ਮੌਕੇ ਦਸਵੀਂ ਤੇ ਬਾਰ੍ਹਵੀਂ ਬੋਰਡ ਦੇ ਨਤੀਜਿਆਂ ਵਿਚ ਪੁਜ਼ੀਸ਼ਨਾਂ ਹਾਸਿਲ ਕਰਨ ਵਾਲੇ ਅਤੇ ਖੇਡ ਖੇਤਰ ਵਿਚ ਰਾਸ਼ਟਰੀ ਪੱਧਰ ਵਿਚ ਹਿੱਸਾ ਲੈਣ ਵਾਲੇ ਵਿਦਿਆਰਥੀਆਂ ਨੂੰ ਇਨਾਮ ਦੇ ਕੇ ਉਨ੍ਹਾਂ ਦੀ ਹੌਂਸਲਾ ਅਫ਼ਜ਼ਾਈ ਕੀਤੀ ਗਈ। ਸਮੁੱਚੀ ਮੈਨੇਜਿੰਗ ਕਮੇਟੀ ਤੇ ਪ੍ਰਿੰਸੀਪਲ ਹੇਮਲਤਾ ਕਪੂਰ ਵਲੋਂ ਸਮਾਗਮ ਵਿਚ ਸ਼ਾਮਿਲ ਮੁੱਖ ਸ਼ਖ਼ਸੀਅਤਾਂ ਨੂੰ ਸਨਮਾਨ ਚਿੰਨ੍ਹ ਦੇ ਕੇ ਸਨਮਾਨਿਆ ਗਿਆ। ਮਹਾਂਵੀਰ ਗਊਸ਼ਾਲਾ ਦੇ ਸੰਚਾਲਕ, ਜੋੜਾ ਘਰ ਸੁਸਾਇਟੀ ਦੇ ਸੰਚਾਲਕ ਤੇ ਗ੍ਰੰਥੀ ਸਿੰਘਾਂ ਨੂੰ ਨਿਰਸਵਾਰਥ ਸੇਵਾ ਭਾਵਨਾ ਲਈ ਸਿਰਪਾਉ ਦੇ ਕੇ ਸਨਮਾਨਿਆ ਗਿਆ। ਪ੍ਰਿੰਸੀਪਲ ਹੇਮਲਤਾ ਕਪੂਰ ਵਲੋਂ ਸਾਰਿਆਂ ਦਾ ਧੰਨਵਾਦ ਕੀਤਾ ਗਿਆ।

ਕਿਸ਼ਨਪੁਰਾ ਕਲਾਂ ਦੇ ਨਾਮੀ ਮਾਨ ਪਰਿਵਾਰ ਦੇ ਆਗੂ ਰਾਜਿੰਦਰ ਸਿੰਘ ਬਿੰਦਰ ਨਾਲ ਦੁੱਖ ਸਾਂਝਾ ਕਰਨ ਪੁੱਜੇ ਪ੍ਰਧਾਨ ਸਿਮਰਨਜੀਤ ਸਿੰਘ ਮਾਨ ਤੇ ਪਿੰਡ ਵਾਸੀ। ਤਸਵੀਰ : ਕਲਸੀ

ਜਥੇਦਾਰ ਅਰਜਨ ਸਿੰਘ ਦੇ ਅਕਾਲ ਚਲਾਣੇ 'ਤੇ ਸਿਮਰਨਜੀਤ ਸਿੰਘ ਮਾਨ ਵਲੋਂ ਦੁੱਖ ਦਾ ਪ੍ਰਗਟਾਵਾ

ਕਿਸ਼ਨਪੁਰਾ ਕਲਾਂ, 8 ਦਸੰਬਰ (ਅਮੋਲਕ ਸਿੰਘ ਕਲਸੀ, ਪਰਮਿੰਦਰ ਸਿੰਘ ਗਿੱਲ)- ਇਲਾਕੇ ਦਾ ਸਿਰਕੱਢ ਖ਼ਾਨਦਾਨੀ, ਸ਼੍ਰੋਮਣੀ ਅਕਾਲੀ ਅੰਮ੍ਰਿਤਸਰ ਦੇ ਨਿਧੜਕ ਜਰਨੈਲ, ਬੇਦਾਗ਼ ਸ਼ਖ਼ਸੀਅਤ, ਵਫ਼ਾਦਾਰ ਸਿਪਾਹੀ ਜ਼ਿਲ੍ਹਾ ਮੋਗਾ ਦੇ ਸੀਨੀਅਰ ਮੀਤ ਪ੍ਰਧਾਨ ਅਰਜਨ ਸਿੰਘ ਮਾਨ ਕਿਸ਼ਨਪੁਰਾ ਕਲਾਂ ਜੋ ਕਿ ਬੀਤੇ ਦਿਨੀਂ ਅਕਾਲ ਚਲਾਣਾ ਕਰ ਜਾਣ 'ਤੇ ਵੱਡੀ ਗਿਣਤੀ ਵਿਚ ਰਾਜਨੀਤਕ, ਧਾਰਮਿਕ, ਸਮਾਜਿਕ ਸ਼ਖ਼ਸੀਅਤਾਂ ਵਲੋਂ ਉਨ੍ਹਾਂ ਦੇ ਗ੍ਰਹਿ ਪੁੱਜ ਕੇ ਪਰਿਵਾਰ ਨਾਲ ਗਹਿਰੇ ਦੁੱਖ ਦਾ ਇਜ਼ਹਾਰ ਕੀਤਾ ਗਿਆ। ਇਸ ਮੌਕੇ ਦੁੱਖ ਦੀ ਘੜੀ 'ਚ ਉਚੇਚੇ ਤੌਰ ਪਹੁੰਚੇ ਸ਼੍ਰੋਮਣੀ ਅਕਾਲੀ ਦਲ ਅੰਮ੍ਰਿਤਸਰ ਦੇ ਪ੍ਰਧਾਨ ਸਿਮਰਨਜੀਤ ਸਿੰਘ ਮਾਨ ਨੇ ਉਨ੍ਹਾਂ ਦੇ ਗ੍ਰਹਿ ਵਿਖੇ ਪੁੱਜ ਕੇ ਨਾਮੀ ਮਾਨ ਪਰਿਵਾਰ ਦੇ ਆਗੂ ਰਾਜਿੰਦਰ ਸਿੰਘ ਬਿੰਦਰ ਤੇ ਹੋਰਨਾਂ ਪਰਿਵਾਰ ਮੈਂਬਰਾਂ ਨਾਲ ਦੁੱਖ ਪ੍ਰਗਟਾਇਆ ਗਿਆ। ਪ੍ਰਧਾਨ ਸਿਮਰਨਜੀਤ ਸਿੰਘ ਮਾਨ ਨੇ ਅਫ਼ਸੋਸ ਪ੍ਰਗਟ ਕਰਦਿਆਂ ਕਿਹਾ ਕਿ ਜਥੇਦਾਰ ਅਰਜਨ ਸਿੰਘ ਮਾਨ ਕਿਸ਼ਨਪੁਰਾ ਕਲਾਂ ਦੇ ਵਿਛੋੜੇ ਨਾਲ ਸ਼੍ਰੋਮਣੀ ਅਕਾਲੀ ਦਲ ਅੰਮ੍ਰਿਤਸਰ, ਮਾਨ ਪਰਿਵਾਰ ਨੂੰ ਕਦੇ ਨਾ ਪੂਰਾ ਹੋਣ ਵਾਲਾ ਘਾਟਾ ਪਿਆ ਹੈ। ਪ੍ਰਧਾਨ ਸਿਮਰਨਜੀਤ ਸਿੰਘ ਮਾਨ ਨੇ ਆਪਣੇ ਕਰੀਬੀ ਰਹੇ ਸਾਥੀ ਜਥੇਦਾਰ ਅਰਜਨ ਸਿੰਘ ਮਾਨ ਦੇ ਜੀਵਨ ਦੀ ਕਈ ਹੋਈਆਂ ਯਾਦਗਾਰ ਘਟਨਾਵਾਂ ਸਾਂਝੀਆ ਕਰਦਿਆਂ ਕਿਹਾ ਕਿ ਉਨ੍ਹਾਂ ਦੀ ਘਾਟ ਸਾਨੂੰ ਹਮੇਸ਼ਾ ਮਹਿਸੂਸ ਹੋਵੇਗੀ। ਇਸ ਮੌਕੇ ਦੁਖੀ ਮਾਨ ਪਰਿਵਾਰ ਨਾਲ ਦੁੱਖ ਸਾਂਝਾ ਕਰਨ ਵਾਲਿਆਂ ਵਿਚ ਜ਼ਿਲ੍ਹਾ ਪ੍ਰਧਾਨ ਬਲਰਾਜ ਸਿੰਘ ਖ਼ਾਲਸਾ, ਜਗਜੀਤ ਸਿੰਘ ਸ਼ਹਿਰੀ ਪ੍ਰਧਾਨ, ਪ੍ਰੀਤਮ ਸਿੰਘ ਧਰਮੀ ਫ਼ੌਜੀ, ਰਣਜੀਤ ਮੁਨੀਮ, ਹਰਜੀਤ ਕੌਰ, ਸਵਰਨਜੀਤ ਕੌਰ, ਪਰਮਵੀਰ ਸਿੰਘ ਮਾਨ, ਮਾਸਟਰ ਸਰਦੂਲ ਸਿੰਘ, ਡਾਕਟਰ ਗੁਰਪ੍ਰੀਤ ਸਿੰਘ ਢਿੱਲੋਂ, ਅਜਮੇਰ ਸਿੰਘ, ਸਾਧੂ ਸਿੰਘ, ਅਜੀਤ ਸਿੰਘ, ਬਿੰਦਰ ਸਿੰਘ, ਲਖਵੀਰ ਸਿੰਘ, ਸੁਰਜੀਤ ਸਿੰਘ, ਬਲਵੀਰ ਸਿੰਘ ਗੁਰਮੀਤ ਸਿੰਘ ਆਦਿ ਹਾਜ਼ਰ ਸਨ।

ਜੈਤੋ ਦੇ ਮੁਕਤਸਰ ਰੋਡ 'ਤੇ ਸਥਿਤ ਰੇਲਵੇ ਫ਼ਾਟਕ ਦੇ ਨਜ਼ਦੀਕ ਬਣਿਆ ਹੰਪ। ਤਸਵੀਰ: ਗੁਰਚਰਨ ਸਿੰਘ ਗਾਬੜੀਆ

ਰੇਲਵੇ ਫ਼ਾਟਕ ਨੇੜੇ ਬਣੇ ਹੰਪਾਂ ਕਾਰਨ ਕਾਰ ਚਾਲਕਾਂ ਨੂੰ ਆਉਂਦੀ ਹੈ ਪ੍ਰੇਸ਼ਾਨੀ

ਜੈਤੋ, 8 ਦਸੰਬਰ (ਗੁਰਚਰਨ ਸਿੰਘ ਗਾਬੜੀਆ)- ਜੈਤੋ-ਮੁਕਤਸਰ ਰੋਡ 'ਤੇ ਸਥਿਤ ਰੇਲਵੇ ਫ਼ਾਟਕ ਦੇ ਨਜ਼ਦੀਕ ਬਣੇ ਹੰਪਾਂ ਕਾਰਨ ਕਾਰ ਆਦਿ ਵਾਹਨ ਚਾਲਕਾਂ ਨੂੰ ਭਾਰੀ ਦਿੱਕਤ ਪ੍ਰੇਸ਼ਾਨੀ ਪੇਸ਼ ਆਉਣ ਸਬੰਧੀ ਲੋਕ ਸ਼ਿਕਾਇਤ ਕਰ ਰਹੇ ਹਨ। ਇਸ ਮੌਕੇ ਪਿੰਡ ਰੋੜੀਕਪੂਰਾ ਦੇ ਸਾਬਕਾ ਸਰਪੰਚ ਕੁਲਵੰਤ ਸਿੰਘ, ਸਾਬਕਾ ਸਰਪੰਚ ਗੁਰਮੇਲ ਸਿੰਘ ਬਰਾੜ, ਗੁਰਮੀਤ ਸਿੰਘ ਬਰਾੜ ਜੈਤੋ, ਮੇਜਰ ਸਿੰਘ ਗੋਂਦਾਰਾ ਡੇਲਿਆਂਵਾਲੀ, ਸਾਬਕਾ ਸਰਪੰਚ ਹਰਚਰਨ ਸਿੰਘ ਬਾਠ, ਗੁਰਮੀਤ ਸਿੰਘ ਕਰੀਰਵਾਲੀ ਆਦਿ ਲੋਕਾਂ ਨੇ ਦੱਸਿਆ ਕਿ ਰੇਲਵੇ ਮਹਿਕਮੇ ਵਲੋਂ ਫ਼ਾਟਕ ਦੇ ਨੇੜੇ ਬਣੇ ਗਏ ਹੰਪ ਕਾਫ਼ੀ ਉੱਚਾ ਤੇ ਚੌੜੇ ਹੋਣ ਕਾਰਨ ਕਾਰ ਚਾਲਕਾਂ ਨੂੰ ਵੱਡੀ ਪ੍ਰੇਸ਼ਾਨੀ ਦਾ ਸਾਹਮਣਾ ਕਰਨਾ ਪੈ ਰਿਹਾ ਹੈ ਕਿਉਂਕਿ ਉਕਤ ਹੰਪਾਂ ਤੋਂ ਜਦ ਕਾਰ ਨੂੰ ਲੰਘਾਇਆ ਜਾਂਦਾ ਹੈ ਤਾਂ ਕਾਰ ਦਾ ਹੇਠਲਾ ਹਿੱਸਾ ਹੰਪ ਨਾਲ ਵੱਜਣ ਕਰਕੇ ਕਾਰ ਦਾ ਨੁਕਸਾਨ ਹੋ ਜਾਂਦਾ ਹੈ। ਕਈ ਵਾਰ ਤਾਂ ਕਾਰ ਦੇ ਹੇਠਾਂ ਲੱਗੇ ਸੈਲੰਸਰ ਜਾਂ ਤੇਲ ਵਾਲੀ ਟੈਂਕੀ 'ਚ ਚਿੱਬ/ਟੁੱਟ ਜਾਂਦੀ ਹੈ ਤੇ ਵਾਹਨ ਦਾ ਚਲਣਾ ਔਖਾ ਹੋ ਜਾਂਦਾ ਹੈ। ਲੋਕਾਂ ਨੇ ਰੇਲਵੇ ਮਹਿਕਮੇ ਦੇ ਅਧਿਕਾਰੀਆਂ ਤੋਂ ਮੰਗ ਕੀਤੀ ਹੈ ਕਿ ਫ਼ਾਟਕ ਦੇ ਨੇੜੇ ਬਣੇ ਹੰਪਾਂ ਦਾ ਅਕਾਰ ਛੋਟਾ ਅਤੇ ਘੱਟ ਚੌੜਾ ਕੀਤਾ ਜਾਵੇ ਤਾਂ ਜੋ ਕਿ ਵਾਹਨਾਂ ਦਾ ਨੁਕਸਾਨ ਨਾ ਹੋਵੇ।

ਪਿੰਡ ਰੋੜੀਕਪੂਰਾ ਦੇ ਬਾਹਰਲਾ ਗੁਰਦੁਆਰਾ ਸਾਹਿਬ ਵਿਖੇ ਪਿੰਡ ਇਕਾਈ ਦੀ ਚੋਣ ਉਪਰੰਤ ਇੱਕਤਰ ਕਿਸਾਨ। ਤਸਵੀਰ: ਗੁਰਮੀਤਪਾਲ ਰੋੜੀਕਪੂਰਾ। ਅਜੀਤ ਤਸਵੀਰ

ਭਾਕਿਯੂ ਏਕਤਾ ਡਕੌਂਦਾ ਇਕਾਈ ਰੋੜੀਕਪੂਰਾ ਦੇ ਮਲਕੀਤ ਸਿੰਘ ਬਰਾੜ ਪ੍ਰਧਾਨ ਬਣੇ

ਜੈਤੋ, 8 ਦਸੰਬਰ (ਗੁਰਮੀਤਪਾਲ ਰੋੜੀਕਪੂਰਾ)- ਅੱਜ ਭਾਰਤੀ ਕਿਸਾਨ ਯੂਨੀਅਨ ਏਕਤਾ ਡਕੌਂਦਾ ਸੂਬਾ ਪ੍ਰਧਾਨ ਮਨਜੀਤ ਸਿੰਘ ਧਨੇਰ ਵਾਲੀ ਜਥੇਬੰਦੀ ਦੀ ਮੀਟਿੰਗ ਪਿੰਡ ਰੋੜੀਕਪੂਰਾ ਦੇ ਬਾਹਰਲਾ ਗੁਰਦੁਆਰਾ ਸਾਹਿਬ ਵਿਖੇ ਹੋਈ। ਮੀਟਿਗ ਦੌਰਾਨ ਜ਼ਿਲ੍ਹਾ ਮੀਤ ਪ੍ਰਧਾਨ ਦਰਸ਼ਨ ਸਿੰਘ ਰੋੜੀਕਪੂਰਾ, ਬਲਾਕ ਜੈਤੋ ਪ੍ਰਧਾਨ ਗੁਰਪ੍ਰੀਤ ਸਿੰਘ ਮੀਤਾ, ਬਲਾਕ ਖਜ਼ਾਨਚੀ ਜਸਵੰਤ ਸਿੰਘ ਚੰਦਭਾਨ ਤੇ ਬਲਾਕ ਕਮੇਟੀ ਸਲਾਹਕਾਰ ਪਰਗਟ ਸਿੰਘ ਰੋੜੀਕਪੂਰਾ ਦੀ ਅਗਵਾਈ ਹੇਠ ਪਿੰਡ ਦੀ ਨਵੀਂ ਦੀ ਚੋਣ ਕੀਤੀ ਗਈ। ਇੱਕਤਰ ਕਿਸਾਨਾਂ ਵਲੋਂ ਸਰਬਸੰਮਤੀ ਨਾਲ ਮਲਕੀਤ ਸਿੰਘ ਮੀਤਾ ਬਰਾੜ ਨੂੰ ਪ੍ਰਧਾਨ, ਤੇਜਾ ਸਿੰਘ ਨੂੰ ਸੀਨੀਅਰ ਮੀਤ ਪ੍ਰਧਾਨ, ਬੂਟਾ ਸਿੰਘ ਢਿੱਲੋਂ ਨੂੰ ਮੀਤ ਪ੍ਰਧਾਨ, ਸੁਰਜੀਤ ਸਿੰਘ ਸੀਤਾ ਬਰਾੜ ਨੂੰ ਮੀਤ ਪ੍ਰਧਾਨ, ਲਾਭ ਸਿੰਘ ਨੂੰ ਜਨਰਲ ਸਕੱਤਰ, ਨਿਰਮਲ ਸਿੰਘ ਨਿੰਮਾ ਨੂੰ ਖਜ਼ਾਨਚੀ, ਮਨਦੀਪ ਸਿੰਘ ਨੂੰ ਪ੍ਰਚਾਰਕ ਸਕੱਤਰ ਤੇ ਗੁਰਸੇਵਕ ਸਿੰਘ ਨੂੰ ਪ੍ਰੈਸ ਸਕੱਤਰ ਚੁਣਿਆ ਗਿਆ। ਚੋਣ ਉਪਰੰਤ ਵੱਖ-ਵੱਖ ਮੁੱਦਿਆਂ 'ਤੇ ਵਿਚਾਰ ਚਰਚਾ ਕੀਤੀ ਗਈ। ਯੂਰੀਆ ਦੀ ਕਿੱਲਤ ਨੂੰ ਲੈ ਕੇ ਜਥੇਬੰਦੀ ਵਲੋਂ 9 ਦਸੰਬਰ ਨੂੰ ਖੇਤੀਬਾੜੀ ਚੀਫ ਫ਼ਰੀਦਕੋਟ ਦਾ ਘਿਰਾਓ ਕਰਨ ਸਬੰਧੀ ਫ਼ੈਸਲਾ ਲਿਆ ਗਿਆ। ਇਸ ਮੌਕੇ ਧਰਮਪਾਲ ਸਿੰਘ, ਸੁਰਜੀਤ ਸਿੰਘ ਗੁਲਾਬਗੜ੍ਹ ਰੋੜੀਕਪੂਰਾ, ਅਵਤਾਰ ਸਿੰਘ ਮਾਨ, ਹੈਪੀ ਸ਼ਰਮਾ, ਸੱਤਪਾਲ ਸਿੰਘ, ਜਸਕਰਨ ਸਿੰਘ, ਮਨਦੀਪ ਸਿੰਘ ਨੰਬਰਦਾਰ, ਬਲਕਰਨ ਸਿੰਘ ਬਰਾੜ, ਨੰਬਰਦਾਰ ਸੰਦੀਪ ਸਿੰਘ, ਸਰਪੰਚ ਜਸਕਰਨ ਸਿੰਘ ਸਰਪੰਚ ਨਵਾਂ ਰੋੜੀਕਪੂਰਾ, ਗੁਰਦੇਵ ਸਿੰਘ ਸਾਬਕਾ ਸਰਪੰਚ, ਹਰਦੇਵ ਸਿੰਘ ਸੈਕਟਰੀ, ਗੁਰਪ੍ਰੀਤ ਸਿੰਘ, ਅਮਰਜੀਤ ਸਿੰਘ, ਰਾਜਪਾਲ ਸਿੰਘ, ਬੇਗਰਾਜ, ਲਵਪ੍ਰੀਤ ਸਿੰਘ, ਪੰਡਿਤ ਦਰਸ਼ਨ ਸ਼ਰਮਾ, ਜਸਕਰਨ ਸਿੰਘ ਜੱਸਾ ਬਰਾੜ, ਅਮਰਦੀਪ ਸਿੰਘ ਬਰਾੜ, ਬਲਦੇਵ ਸਿੰਘ ਡਿੰਗੀ ਮਜ਼ਦੂਰ ਯੂਨੀਅਨ ਆਗੂ ਗੁਰਦੇਵ ਸਿੰਘ ਗੋਰਾ ਆਦਿ ਹਾਜ਼ਰ ਸਨ।

ਮੈਡੀਕਲ ਪ੍ਰੈਕਟੀਸ਼ਨਰ ਐਸੋਸੀਏਸ਼ਨ ਵਲੋਂ ਬਲਾਕ ਪੱਧਰੀ ਮੀਟਿੰਗ

ਦੋਦਾ, 8 ਦਸੰਬਰ (ਰਵੀਪਾਲ)- ਮੈਡੀਕਲ ਪ੍ਰੈਕਟੀਸ਼ਨਰ ਐਸੋਸੀਏਸ਼ਨ ਬਲਾਕ ਦੋਦਾ ਦੀ ਮੀਟਿੰਗ ਬਲਾਕ ਪ੍ਰਧਾਨ ਗੁਰਮੀਤ ਸਿੰਘ ਗਿੱਲ ਦੀ ਪ੍ਰਧਾਨਗੀ ਹੇਠ ਡੇਰਾ ਬਾਬਾ ਧਿਆਨ ਦਾਸ ਦੋਦਾ ਵਿਖੇ ਹੋਈ। ਮੀਟਿੰਗ ਦੌਰਾਨ ਮਲੇਰੀਆਂ ਦੀ ਬਿਮਾਰੀ ਤੋਂ ਬਚਾਅ ਬਾਰੇ ਜਾਣਕਾਰੀ ਦਿੱਤੀ ਗਈ ਅਤੇ ਮੁਸ਼ਕਿਲਾਂ ਸੰਬੰਧੀ ਵਿਚਾਰਾਂ ਕੀਤੀਆਂ। ਇਸ ਮੌਕੇ ਵਿਸ਼ੇਸ਼ ਤੌਰ 'ਤੇ ਪਹੁੰਚੇ ਬੰਬੇ ਕਲੀਨਿਕ ਨਿਊਰੋ ਲਾਈਫ਼ ਹਸਪਤਾਲ ਡਾ. ਜੇ ਮਿੱਤਲ ਨਿਊਰੋ ਤੇ ਜਨਰਲ ਸਰਜਨ ਨੇ ਆਪਣੇ ਹਸਪਤਾਲ ਵਲੋਂ ਦਿੱਤੀਆਂ ਜਾ ਰਹੀਆਂ ਸਹੂਲਤਾਂ ਦੀ ਜਾਣਕਾਰੀ ਦਿੱਤੀ। ਇਸ ਤੋਂ ਇਲਾਵਾ ਡੀ.ਐੱਮ.ਸੀ. ਲੁਧਿਆਣਾ ਸੰਜੀਵਨ ਸਿੰਘ ਰਾਵਤ ਸੀਨੀਅਰ ਮਾਰਕੀਟਿੰਗ ਮੈਨੇਜਰ ਨੇ ਕੈਂਸਰ ਕੇਅਰ ਸੰਬੰਧੀ ਜਾਣਕਾਰੀ ਦਿੰਦੇ ਸਹੂਲਤਾਂ ਬਾਰੇ ਵੀ ਦੱਸਿਆ। ਇਸ ਮੌਕੇ ਅਸ਼ੋਕ ਕੁਮਾਰ ਭੁੱਟੀਵਾਲਾ, ਹਰਦਿਆਲ ਸਿੰਘ, ਧੂਲਕੋਟ, ਇਕੱਤਰ ਸਿੰਘ ਭਲਾਈਆਣਾ, ਬਲਵੀਰ ਸਿੰਘ ਸੂਰੇਵਾਲਾ, ਗੁਰਮੇਲ ਸਿੰਘ ਗੁਰੂਸਰ, ਗੁਰਮੇਲ ਸਿੰਘ ਸਮਾਘ, ਅਮਰਜੀਤ ਸਿੰਘ ਸੋਥਾ, ਧਰਮਿੰਦਰ ਸਿੰਘ ਮਧੀਰ, ਰਜਿੰਦਰ ਸਿੰਘ ਭੱਟੀ ਛੱਤਿਆਣਾ, ਬਲਦੇਵ ਸਿੰਘ ਭਲਾਈਆਣਾ ਤੇ ਸਮੂਹ ਮੈਂਬਰ ਹਾਜ਼ਰ ਸਨ।

70 ਸਾਲ ਤੋਂ ਵੱਧ ਉਮਰ ਦੇ ਪੈਨਸ਼ਨਰਾਂ ਦਾ ਸਨਮਾਨ ਕਰਦੇ ਹੋਏ ਐਸੋਸੀਏਸ਼ਨ ਦੇ ਅਹੁਦੇਦਾਰ। ਤਸਵੀਰ: ਸਤੀਸ਼ ਬਾਗ਼ੀ

ਪਾਵਰਕਾਮ ਪੈਨਸ਼ਨਰ ਐਸੋਸੀਏਸ਼ਨ ਨੇ 70 ਸਾਲ ਤੋਂ ਵੱਧ ਉਮਰ ਦੇ ਪੈਨਸ਼ਨਰ ਕੀਤੇ ਸਨਮਾਨਿਤ

ਫ਼ਰੀਦਕੋਟ, 8 ਦਸੰਬਰ (ਸਤੀਸ਼ ਬਾਗ਼ੀ)- ਪੈਨਸ਼ਨਰ ਐਸੋਸੀਏਸ਼